# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 18:20

**ਮਿਤੀ :07-02-2026**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

- ਭਾਰਤ ਅਤੇ ਅਮਰੀਕਾ ਵਲੋਂ ਇੱਕ ਅੰਤਰਿਮ ਵਪਾਰ ਸਮਝੌਤੇ ਦੇ ਢਾਂਚੇ ਨੂੰ ਮੁਕੰਮਲ ਕਰਨ ਦਾ ਐਲਾਨ -ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ -ਇਹ ਸਮਝੌਤਾ ਦੋਵਾਂ ਦੇਸ਼ਾਂ ਵਿਚਕਾਰ ਵਧ ਰਹੀ ਭਾਈਵਾਲੀ, ਭਰੋਸੇ ਅਤੇ ਗਤੀਸ਼ੀਲਤਾ ਨੂੰ ਦਰਸਾਉਂਦਾ ਏ ।

- ਕੇਂਦਰੀ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਅੰਮ੍ਰਿਤਸਰ 'ਚ BJP ਵਰਕਰਾਂ ਅਤੇ ਅਹੁਦੇਦਾਰਾਂ ਨਾਲ ਮੀਟਿੰਗ ਕੀਤੀ-ਉਨ੍ਹਾਂ ਕੇਂਦਰੀ ਬਜਟ ਨੂੰ “ਵਿਕਸਿਤ ਭਾਰਤ” ਵੱਲ ਮਜ਼ਬੂਤ ਕਦਮ ਕਰਾਰ ਦਿੱਤਾ ।

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਸੂਬੇ ਵਿੱਚ ਨਸ਼ਿਆਂ ਦੇ ਖਾਤਮੇ ਲਈ ਸ਼ੁਰੂ ਕੀਤੀ ਮੁਹਿੰਮ ਨੂੰ ਜਨ ਅੰਦੋਲਨ ਬਣਾਉਣ ਦਾ ਸੱਦਾ ਦਿੱਤਾ।

- ਮਾਨਸਾ ਜ਼ਿਲ੍ਹੇ ਦੇ ਪਿੰਡ ਸਰਦੂਲੇਵਾਲਾ ਨੇੜੇ ਵਾਪਰੇ ਸੜਕ ਹਾਦਸੇ 'ਚ, ਇੱਕੋ ਪਰਿਵਾਰ ਦੇ ਚਾਰ ਮੈਂਬਰਾਂ ਦੀ ਮੌਤ -ਕਾਰ ਚਾਲਕ ਗੰਭੀਰ ਜ਼ਖਮੀ ।

- ICC Twenty-twenty ਵਿਸ਼ਵ ਕੱਪ ਟੂਰਨਾਮੈਂਟ ਵਿਚ ਭਾਰਤ ਦਾ ਮੁਕਾਬਲਾ ਅਮਰੀਕਾ ਨਾਲ- ਮੈਚ ਸ਼ਾਮ 7 ਵਜੇ ਮੁੰਬਈ ਦੇ ਵਾਨਖੇੜੇ ਸਟੇਡੀਅਮ ਵਿੱਚ ਸ਼ੁਰੂ ਹੋਵੇਗਾ।

## ਹੁਣ ਖਬਰਾਂ ਵਿਸਥਾਰ ਨਾਲ

ਭਾਰਤ ਅਤੇ ਅਮਰੀਕਾ ਨੇ ਇੱਕ ਅੰਤਰਿਮ ਵਪਾਰ ਸਮਝੌਤੇ ਦੇ ਢਾਂਚੇ ਨੂੰ ਮੁਕੰਮਲ ਕਰਨ ਦਾ ਐਲਾਨ ਕੀਤਾ ਏ, ਜਿਸ ਨਾਲ ਦੋਵਾਂ ਦੇਸ਼ਾਂ ਨੂੰ ਲਾਭ ਹੋਵੇਗਾ। ਵਣਜ ਅਤੇ ਉਦਯੋਗ ਮੰਤਰਾਲੇ ਨੇ ਇੱਕ ਭਾਰਤ-ਅਮਰੀਕਾ ਸਾਂਝਾ ਬਿਆਨ ਜਾਰੀ ਕੀਤਾ, ਜਿਸ ਵਿੱਚ ਕਿਹਾ ਗਿਆ ਏ ਕਿ ਇਹ ਢਾਂਚਾ ਦੋਵਾਂ ਦੇਸ਼ਾਂ ਦੀ ਵਿਆਪਕ ਅਮਰੀਕਾ-ਭਾਰਤ ਵਪਾਰ ਸਮਝੌਤੇ ਦੀ

ਗੱਲਬਾਤ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਏ , ਜੋ ਕਿ ਪਿछਲੇ ਸਾਲ 13 ਫਰਵਰੀ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵਲੋਂ ਸ਼ੁਰੂ ਕੀਤੀ ਗਈ ਸੀ। ਇਨ੍ਹਾਂ ਵਿੱਚ ਬਾਜ਼ਾਰਾਂ ਨੂੰ ਹੋਰ ਖੋਲ੍ਹਣਾ ਅਤੇ ਵਧੇਰੇ ਲਚਕੀਲੇ ਸਪਲਾਈ ਚੇਨਾਂ ਦਾ ਸਮਰਥਨ ਕਰਨਾ ਸ਼ਾਮਲ ਏ । ਅੰਤਰਿਮ ਸਮਝੌਤਾ ਦੋਵਾਂ ਦੇਸ਼ਾਂ ਵਿਚਕਾਰ ਸਾਂਝੇਦਾਰੀ ਵਿੱਚ ਇੱਕ ਵੱਡਾ ਮੀਲ ਪੱਥਰ ਏ , ਜੋ ਪਾਏਦਾਰ ਵਿਕਾਸ 'ਤੇ ਅਧਾਰਤ ਸੰਤੁਲਿਤ ਵਪਾਰ ਪ੍ਰਤੀ ਉਨ੍ਹਾਂ ਦੀ ਸਾਂਝੀ ਵਚਨਬੱਧਤਾ ਨੂੰ ਦਰਸਾਉਂਦਾ ਏ ।

-----------------------------------------------------

ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਭਾਰਤ-ਅਮਰੀਕਾ ਅੰਤਰਿਮ ਵਪਾਰ ਸਮਝੌਤੇ ਦੀ ਸ਼ਲਾਘਾ ਕੀਤੀ। ਸ਼ਿਵਰਾਜ ਸਿੰਘ ਨੇ ਕਿਹਾ ਕਿ ਇਹ ਕਿਸਾਨਾਂ ਨੂੰ ਪੂਰੀ ਸੁਰੱਖਿਆ ਪ੍ਰਦਾਨ ਕਰੇਗਾ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਖੇਤੀਬਾੜੀ ਮੰਤਰੀ ਨੇ ਕਿਹਾ ਕਿ ਕਿਸਾਨਾਂ ਨੂੰ ਡੇਅਰੀ ਉਤਪਾਦਾਂ, ਅਨਾਜ ਅਤੇ ਸਬਜ਼ੀਆਂ ਦੇ ਉਤਪਾਦਨ ਵਿੱਚ ਸੁਰੱਖਿਆ ਪ੍ਰਦਾਨ ਕੀਤੀ ਗਈ ਏ । ਉਨ੍ਹਾਂ ਕਿਹਾ ਕਿ ਕਿਸਾਨਾਂ ਦੇ ਹਿੱਤ ਸਭ ਤੋਂ ਉੱਪਰ ਨੇ।

BYTE

-----------------------------------------------------

ਕੇਂਦਰੀ ਰੇਲਵੇ ਰਾਜ ਮੰਤਰੀ ਅਤੇ BJP ਦੇ ਸੀਨੀਅਰ ਨੇਤਾ ਰਵਨੀਤ ਸਿੰਘ ਬਿੱਟੂ ਅੰਮ੍ਰਿਤਸਰ ਦੇ BJP ਦਫ਼ਤਰ ਪਹੁੰਚੇ, ਜਿੱਥੇ ਉਨ੍ਹਾਂ ਨੇ ਪਾਰਟੀ ਵਰਕਰਾਂ ਅਤੇ ਅਹੁਦੇਦਾਰਾਂ ਨਾਲ ਮੀਟਿੰਗ ਕੀਤੀ । ਉਨ੍ਹਾਂ ਨੇ ਕੇਂਦਰ ਸਰਕਾਰ ਵੱਲੋਂ ਪਹਿਲੀ ਫਰਵਰੀ ਨੂੰ ਪੇਸ਼ ਕੀਤੇ ਗਏ ਕੇਂਦਰੀ ਬਜਟ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਰਵਨੀਤ ਸਿੰਘ ਬਿੱਟੂ ਨੇ ਕਿਹਾ ਕਿ ਇਹ ਬਜਟ “ਸਭ ਕਾ ਸਾਥ, ਸਭ ਕਾ ਵਿਕਾਸ, ਸਭ ਕਾ ਵਿਸ਼ਵਾਸ ਅਤੇ ਸਭ ਦੀ ਕੋਸ਼ਿਸ਼” ਦੇ ਅਸੂਲਾਂ ’ਤੇ ਤਿਆਰ ਕੀਤਾ ਗਿਆ ਏ । ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਪੇਸ਼ ਕੀਤਾ ਗਿਆ ਇਹ ਬਜਟ ਸਿਰਫ ਮੌਜੂਦਾ ਸਮੇਂ ਦੀਆਂ ਲੋੜਾਂ ਨੂੰ ਹੀ ਪੂਰਾ ਨਹੀਂ ਕਰਦਾ, ਸਗੋਂ ਆਉਣ ਵਾਲੀਆਂ ਪੀੜੀਆਂ ਲਈ ਵੀ ਨਵੇਂ ਮੌਕੇ ਪੈਦਾ ਕਰਦਾ ਏ । ਰਵਨੀਤ ਬਿੱਟੂ ਨੇ ਕਿਹਾ ਕਿ ਕੇਂਦਰੀ ਬਜਟ, ਭਾਰਤ ਨੂੰ ਆਤਮ-ਨਿਰਭਰ ਅਤੇ ਵਿਸ਼ਵ ਆਰਥਿਕ ਤਾਕਤ ਬਣਾਉਣ ਵੱਲ ਇੱਕ ਮਜ਼ਬੂਤ ਕਦਮ ਏ ਅਤੇ ਆਉਣ ਵਾਲੇ ਦਿਨਾਂ ਵਿੱਚ ਇਸਦੇ ਨਤੀਜੇ ਜ਼ਮੀਨ ’ਤੇ ਸਪਸ਼ਟ ਨਜ਼ਰ ਆਉਣਗੇ।

BYTE

---------------------------------------------------

ਪੰਜਾਬ ਸਰਕਾਰ ਦੇ ਹੁਕਮਾਂ ਤਹਿਤ ਸੂਬੇ  ਵਿੱਚ IAS ਤੇ PCS ਅਧਿਕਾਰੀਆਂ ਦੇ ਤਬਾਦਲੇ ਕੀਤੇ ਗਏ ਨੇ । ਉਨ੍ਹਾਂ ਦੀ ਤਾਇਨਾਤੀ ਤੁਰੰਤ ਪ੍ਰਭਾਵ ਨਾਲ ਲਾਗੂ ਕਰਨ ਦੇ ਹੁਕਮ ਦਿੱਤੇ ਗਏ ਨੇ । ਇਨ੍ਹਾਂ ਤਬਾਦਲਿਆਂ ਵਿੱਚ IAS ਅਧਿਕਾਰੀ ਕੁਮਾਰ ਅਮਿਤ ਤੇ ਰਾਮਵੀਰ ਅਤੇ PCS ਅਧਿਕਾਰੀ ਸੁਰਿੰਦਰ ਸਿੰਘ ਅਤੇ ਯਸ਼ਪਾਲ ਸ਼ਰਮਾ ਸ਼ਾਮਲ ਨੇ ।

-----------------------------------------------------------

ਹੁਸ਼ਿਆਰਪੁਰ ਸਥਿਤ STC ਬੀ.ਐਸ.ਐਫ ਖੜਕਾਂ ਕੈਂਪ ਵਿੱਚ ਅੱਜ ਮਹਿਲਾ ਰਿਕਰੂਟ ਕਾਂਸਟੇਬਲਾਂ ਦੀ  ਪਾਸਿੰਗ ਆਉਟ ਪਰੇਡ ਕਾਰਵਾਈ ਗਈ । ਪਰੇਡ ਵਿੱਚ 447 ਮਹਿਲਾ ਰਿਕਰੂਟ ਕਾਂਸਟੇਬਲਾਂ ਪਾਸ ਆਊਟ ਹੋ ਕੇ ਸੀਮਾ ਸੁਰੱਖਿਆ ਬਲ ਵਿੱਚ ਸ਼ਾਮਿਲ ਹੋਈਆਂ।  ਇਸ ਮੌਕੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਮੁੱਖ ਮਹਿਮਾਨ ਵਜੋਂ ਸਮਾਗਮ ਵਿੱਚ ਸ਼ਾਮਲ ਹੋਏ। ਉਨ੍ਹਾਂ ਨੇ ਪਾਸ ਆਉਟ ਹੋ ਰਹੀਆਂ ਮਹਿਲਾ ਜਵਾਨਾਂ ਨੂੰ ਵਧਾਈ ਦਿੱਤੀ ਅਤੇ ਦੇਸ਼ ਦੀ ਸੇਵਾ ਲਈ ਸਮਰਪਿਤ ਰਹਿਣ ਦਾ ਸੁਨੇਹਾ ਦਿੱਤਾ।

BYTE

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਾਜਪਾਲ ਨੇ ਕਿਹਾ ਕਿ ਪੰਜਾਬ ਵਿੱਚ ਨਸ਼ੇ ਦੀ ਅਲਾਮਤ ਦੇ ਖਾਤਮੇ ਲਈ ਜਰੂਰੀ ਏ ਕਿ ਇਹ ਮੁਹਿੰਮ ਇੱਕ ਜਨ ਅੰਦੋਲਨ ਬਣੇ ।

ਰਾਜਪਾਲ ਨੇ ਕਿਹਾ ਕਿ ਇਸ ਦਿਸ਼ਾ ਵਿੱਚ ਉਪਰਾਲੇ ਕਰਦਿਆਂ ਉਹਨਾਂ ਵੱਲੋਂ  ਤਿੰਨ ਸਰਹੱਦੀ ਜ਼ਿਲਿਆਂ ਵਿੱਚ ਪੈਦਲ ਯਾਤਰਾ ਫਿਰ ਤੋਂ ਸ਼ੁਰੂ ਕੀਤੀ ਜਾ ਰਹੀ ਏ।

BYTE

ਪਰੇਡ ਤੋਂ ਬਾਅਦ ਵੱਖ-ਵੱਖ ਸੂਬਿਆਂ ਦੇ ਸਭਿਆਚਾਰ ਅਧਾਰਿਤ ਪੇਸ਼ਕਾਰੀਆਂ ਤੇ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ। ਸਮਾਰੋਹ ਦੌਰਾਨ ਬੀ.ਐਸ.ਐਫ ਦੇ ਸੀਨੀਅਰ ਅਧਿਕਾਰੀ ਅਤੇ ਜਵਾਨਾਂ ਦੇ ਪਰਿਵਾਰਕ ਮੈਂਬਰ ਵੀ ਮੌਜੂਦ ਰਹੇ।  ਸਰਹੱਦ ਪਾਰ ਡਰੋਨ ਤਸਕਰੀ ਦੀ ਚੁਣੌਤੀ ਨੂੰ ਸੰਬੋਧਿਤ ਕਰਦੇ ਹੋਏ, ਰਾਜਪਾਲ ਨੇ ਕਿਹਾ ਕਿ ਡਰੋਨਾਂ ਦੀ ਵਰਤੋਂ ਕਰਕੇ ਪਾਕਿਸਤਾਨ ਤੋਂ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਨੂੰ ਰੋਕਣ ਲਈ ਗੰਭੀਰ ਕਦਮ ਚੁੱਕੇ ਜਾ ਰਹੇ ਨੇ। ਉਨ੍ਹਾਂ ਕਿਹਾ ਕਿ ਪਹਿਲੇ ਗੇੜ ਵਿੱਚ ਪੰਜਾਬ ਦੀ ਪਾਕਿਸਤਾਨ ਨਾਲ ਲੱਗਦੀ ਸਰਹੱਦ 'ਤੇ 10 ਐਂਟੀ-ਡਰੋਨ ਸਿਸਟਮ ਲਗਾਏ ਗਏ ਸਨ।

BYTE

---------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਰਕਾਰ ਸੂਬੇ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਬਰਕਰਾਰ ਰੱਖਣ ਲਈ ਪੂਰੀ ਤਰ੍ਹਾਂ ਵਚਨਬੱਧ ਏ। ਮੁੱਖ ਮੰਤਰੀ ਨੇ

ਕੱਲ ਚੰਡੀਗੜ੍ਹ ਸਥਿਤ ਪੰਜਾਬ ਕਲਾ ਪ੍ਰੀਸ਼ਦ ਵੱਲੋਂ ਕਰਵਾਏ 'ਮਹਿੰਦਰ ਸਿੰਘ ਰੰਧਾਵਾ ਸਾਹਿਤ ਅਤੇ ਕਲਾ ਉਤਸਵ' ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸ਼ੁਰੂ ਤੋਂ ਹੀ ਸੱਭਿਅਤਾ ਦਾ ਕੇਂਦਰ ਰਿਹਾ ਏ । ਉਨ੍ਹਾਂ ਕਿਹਾ ਕਿ ਇਹ ਬਹੁਤ ਮਾਣ ਅਤੇ ਤਸੱਲੀ ਦੀ ਗੱਲ ਏ ਕਿ ਸਾਨੂੰ ਸਖ਼ਤ ਮਿਹਨਤ ਅਤੇ ਹਿੰਮਤ ਦੇ ਨਾਲ-ਨਾਲ ਇੱਕ ਅਮੀਰ ਸੱਭਿਆਚਾਰਕ ਵਿਰਾਸਤ ਮਿਲੀ ਏ । ਮੁੱਖ ਮੰਤਰੀ ਨੇ ਕਿਹਾ ਕਿ ਇਹ ਸਮਾਗਮ ਇੱਕ ਅਜਿਹੀ ਸ਼ਖਸੀਅਤ ਨੂੰ ਸਮਰਪਿਤ ਏ ਜਿਹਨਾਂ ਨੇ ਪੰਜਾਬ ਦੇ ਲੋਕਾਂ ਅੰਦਰ ਉਮੀਦ ਦੀ ਕਿਰਨ ਜਗਾਈ ਸੀ। ਡਾ. ਮਹਿੰਦਰ ਸਿੰਘ ਰੰਧਾਵਾ ਨੂੰ ਯਾਦ ਕਰਦਿਆਂ, ਭਗਵੰਤ ਸਿੰਘ ਮਾਨ ਨੇ ਉਨ੍ਹਾਂ ਨੂੰ 1947 ਦੀ ਦੇਸ਼ ਦੀ ਵੰਡ ਤੋਂ ਬਾਅਦ ਆਧੁਨਿਕ ਪੰਜਾਬ ਦਾ ਨਿਰਮਾਤਾ ਦੱਸਿਆ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਵਿੱਚ ਹਰੀ ਕ੍ਰਾਂਤੀ ਦਾ ਸਿਹਰਾ ਡਾ. ਰੰਧਾਵਾ ਨੂੰ ਜਾਂਦਾ ਏ ਅਤੇ ਉਨ੍ਹਾਂ ਦੀ ਦੂਰਦਰਸ਼ੀ ਸੋਚ ਕਾਰਨ ਪੰਜਾਬ ਨੇ ਭਾਰਤ ਨੂੰ ਅਕਾਲ ਤੋਂ ਬਚਾਇਆ। ਮੁੱਖ ਮੰਤਰੀ ਨੇ ਕਿਹਾ ਕਿ ਹਰ ਵਿਅਕਤੀ ਨੂੰ ਆਪਣੀ ਮਾਂ ਬੋਲੀ ਨੂੰ ਹਰ ਮਾਧਿਅਮ ਰਾਹੀਂ ਉਤਸ਼ਾਹਿਤ ਕਰਨਾ ਚਾਹੀਦਾ ਏ । ਮੁੱਖ ਮੰਤਰੀ ਨੇ ਉਨ੍ਹਾਂ ਦੇ ਜੀਵਨ 'ਤੇ ਕਵਿਤਾ, ਸਾਹਿਤ, ਕਲਾ ਅਤੇ ਸੱਭਿਆਚਾਰ ਦੇ ਡੂੰਘੇ ਪ੍ਰਭਾਵ ਨੂੰ ਵੀ ਯਾਦ ਕੀਤਾ।

----------------------------------------------------

ਪੰਜਾਬ ਸਰਕਾਰ ਵੱਲੋਂ ਸਕੂਲਾਂ ਅੰਦਰ ਮਾਪਿਆਂ ਦੀ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ, ਜਿਸ ਦੌਰਾਨ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ।  ਕੈਬਨਿਟ ਮੰਤਰੀ ਨੇ ਮਲੋਟ ਦੇ ਵੱਖ ਵੱਖ ਸਕੂਲਾਂ ਵਿਚ ਸੰਬੋਧਨ ਕਰਦਿਆਂ ਕਿਹਾ ਕਿ ਮਾਪੇਆਂ ਤੇ ਅਧਿਆਪਕਾਂ  ਵਿਚਕਾਰ ਦੂਰੀ ਨੂੰ ਘਟਾਉਣ ਦਾ ਇਹ ਉਪਰਾਲਾ ਸਰਕਾਰ ਵੱਲੋਂ ਉਲੀਕੀਆ ਗਿਆ ਏ  ਤਾਂ ਜੋ ਘਰ ਤੇ ਸਕੂਲ ਵਿਚ ਬੱਚਿਆਂ ਦੇ ਵਿਵਹਾਰ, ਪੜਾਈ ਅਤੇ ਸੰਗਤ ਬਾਰੇ ਸਹੀ ਜਾਣਕਾਰੀ ਹਾਸਲ ਹੋ ਸਕੇ | ਉਨ੍ਹਾਂ ਕਿਹਾ ਕਿ ਬੱਚਿਆਂ ਦੇ ਸ਼ੁਰੂਆਤੀ ਦੌਰ ਵਿਚ ਚੰਗੀ ਤਰ੍ਹਾਂ ਦੇਖਭਾਲ ਹੋਵੇਗੀ ਤਾਂ ਬੱਚਾ ਮਾੜੀ ਸੰਗਤ ਜਾਣ ਤੋਂ ਬਚ ਸਕੇਗਾ । ਉਨ੍ਹਾਂ ਮਾਪਿਆਂ ਨੂੰ ਵੀ ਅਪੀਲ ਕਰਦਿਆਂ ਕਿਹਾ ਕਿ ਅਜੋਕੇ ਸਮੇਂ ਵਿਚ ਬੱਚਿਆਂ ਨਾਲ ਸਮਾਂ ਬਿਤਾਉਣਾ ਬਹੁਤ ਜਰੂਰੀ ਏ  । ਉਹਨਾਂ ਨੇ ਲੋਕਾਂ ਨੂੰ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਣ ਲਈ ਪ੍ਰੇਰਿਤ ਕੀਤਾ ।

-----------------------------------------------------

ਮਾਨਸਾ ਜ਼ਿਲ੍ਹੇ ਦੇ ਪਿੰਡ ਸਰਦੂਲੇਵਾਲਾ ਨੇੜੇ ਬੀਤੀ ਦੇਰ ਰਾਤ ਇਕ ਕਾਰ ਤੇ ਟਰੱਕ ਵਿਚਕਾਰ ਹੋਈ ਟੱਕਰ 'ਚ ਇੱਕੋ ਪਰਿਵਾਰ ਦੇ ਚਾਰ ਮੈਂਬਰਾਂ ਦੀ ਮੌਤ ਹੋ ਗਈ, ਜਦੋਂ ਕਿ ਕਾਰ ਚਾਲਕ ਦੀ ਹਾਲਤ ਗੰਭੀਰ ਬਣੀ ਹੋਈ ਏ । ਮਾਨਸਾ ਤੋਂ ਸਾਡੇ ਪੱਤਰਕਾਰ ਜੋਗਿੰਦਰ ਮਾਨ ਨੇ ਦਸਿਆ ਕਿ ਕਾਰ

ਚਾਲਕ ਨੂੰ ਸਿਰਸਾ ਵਿਖੇ ਰੈਫਰ ਕੀਤਾ ਗਿਆ ਏ। ਉਨ੍ਹਾਂ ਦਸਿਆ ਕਿ ਹਰਿਆਣਾ ਦੇ ਸਿਰਸਾ ਦਾ ਰਹਿਣ ਵਾਲਾ ਅਸ਼ੋਕ ਕੁਮਾਰ ਆਪਣੀ ਪਤਨੀ ਰਾਧਾ ਦੇਵੀ ਅਤੇ ਧੀਆਂ ਰਿਤੂ ਬਾਲਾ ਅਤੇ ਊਸ਼ਾ ਬਾਂਸਲ ਨਾਲ ਚੰਡੀਗੜ੍ਹ ਤੋਂ ਇਕ ਵਿਆਹ ਚੋਂ ਵਾਪਸ ਆਪਣੇ ਪਿੰਡ ਜਾ ਰਿਹਾ ਸੀ , ਉਸ ਵੇਲੇ ਉਨ੍ਹਾਂ ਦੀ ਕਾਰ, ਸਾਹਮਣੇ ਤੋਂ ਆ ਰਹੇ ਟਰੱਕ ਨਾਲ ਟੱਕਰਾ ਗਈ, ਜਿਸ ਵਿੱਚ ਕਾਰ ਸਵਾਰ ਤਿੰਨ ਔਰਤਾਂ ਤੇ ਇਕ ਬਜ਼ੁਰਗ ਦੀ ਮੌਕੇ ਤੇ ਹੀ ਮੌਤ ਹੋ ਗਈ। ਪੁਲਿਸ ਅਗਲੇਰੀ ਕਾਰਵਾਈ ਕਰ ਰਹੀ ਏ।

---------------------------------------------------

ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਸਿੱਖਿਆ ਵਿਭਾਗ ਨੇ ਆਪਣੇ ਫੈਕਲਟੀ ਵਿਕਾਸ ਪ੍ਰੋਗਰਾਮ ਦੇ ਦੂਜੇ ਦਿਨ "ਆਈ.ਸੀ.ਟੀ ਅਤੇ ਉਭਰਦੀਆਂ ਤਕਨਾਲੋਜੀਆਂ ਲਈ ਅਧਿਆਪਕਾਂ ਅਤੇ ਵਿਦਿਆਰਥੀ ਅਧਿਆਪਕਾਂ" 'ਤੇ ਸਾਈਬਰ ਸੁਰੱਖਿਆ, AI ਅਤੇ ਆਈ.ਸੀ.ਟੀ-ਸਮਰੱਥ ਸਿੱਖਿਆ ਸ਼ਾਸਤਰ 'ਤੇ ਚਾਰ ਸੈਸ਼ਨਾਂ ਕਰਵਾਏ। ਫੈਕਲਟੀ ਮੈਂਬਰਾਂ ਅਤੇ ਖੋਜ ਵਿਦਵਾਨਾਂ ਨੇ ਸਰਗਰਮੀ ਨਾਲ ਹਿੱਸਾ ਲਿਆ। ਪੰਜਾਬ ਸੈਂਟਰਲ ਯੂਨੀਵਰਸਿਟੀ, ਬਠਿੰਡਾ ਤੋਂ ਕੰਪਿਊਟਰ ਸਾਇੰਸ ਵਿਭਾਗ ਦੇ ਸੁਰਿੰਦਰ ਸਿੰਘ ਖੁਰਾਨਾ ਨੇ ਸਾਈਬਰ ਸੁਰੱਖਿਆ ਅਤੇ ਸੁਰੱਖਿਆ 'ਤੇ ਇੱਕ ਭਾਸ਼ਣ ਦਿੱਤਾ । ਉਨ੍ਹਾਂ ਕਿਹਾ ਕਿ ਮੌਜੂਦਾ ਸਾਈਬਰ-ਹਮਲੇ ਮਨੁੱਖੀ ਮਨੋਵਿਗਿਆਨ ਨੂੰ ਡਿਜੀਟਲ ਪ੍ਰਣਾਲੀਆਂ ਵਾਂਗ ਹੀ ਨਿਸ਼ਾਨਾ ਬਣਾਉਂਦੇ

ਹਨ। ਉਨ੍ਹਾਂ ਨੇ ਮਜ਼ਬੂਤ ਪਾਸਵਰਡ, ਦੋ-ਕਾਰਕ ਪ੍ਰਮਾਣਿਕਤਾ, ਫਾਇਰਵਾਲ, ਐਂਟੀਵਾਇਰਸ ਸੌਫਟਵੇਅਰ ਅਤੇ ਜ਼ਿੰਮੇਵਾਰ ਔਨਲਾਈਨ ਆਚਰਣ ਸਮੇਤ ਰੋਕਥਾਮ ਉਪਾਵਾਂ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸਾਈਬਰ ਸੁਰੱਖਿਆ ਇੱਕ ਸਾਂਝੀ ਜ਼ਿੰਮੇਵਾਰੀ ਏ । ਦੂਜਾ ਸੈਸ਼ਨ ਵਿਚ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਦੇ ਪ੍ਰੋਫੈਸਰ ਪਿਯੂਸ਼ ਪ੍ਰਤਾਪ ਸਿੰਘ ਨੇ ਏ.ਆਈ 'ਤੇ ਜਾਣਕਾਰੀ । ਉਨ੍ਹਾਂ ਨੇ ਸਿੱਖਿਆ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਵਰਤੋਂ ਵਿੱਚ ਨੈਤਿਕ ਮੁੱਦਿਆਂ ਨੂੰ ਸੰਬੋਧਨ ਕੀਤਾ ਅਤੇ ਏਆਈ ਨੂੰ ਸਿੱਖਿਆ ਅਤੇ ਖੋਜ ਲਈ ਇੱਕ ਸਹਾਇਕ ਸਾਧਨ ਦੱਸਿਆ। ਪੰਜਾਬ ਕੇਂਦਰੀ ਯੂਨੀਵਰਸਿਟੀ ਬਠਿੰਡਾ ਦੇ ਮੁਖੀ ਅਤੇ ਡੀਨ, ਸਿੱਖਿਆ ਵਿਭਾਗ, ਪ੍ਰੋਫੈਸਰ ਸ਼ਮਸ਼ੀਰ ਸਿੰਘ, ਨੇ ਕਿਹਾ ਕਿ ਕੋਵਿਡ-19 ਮਹਾਂਮਾਰੀ ਨੇ ਸਿੱਖਿਆ ਵਿੱਚ ਆਈ.ਸੀ.ਟੀ ਏਕੀਕਰਨ ਨੂੰ ਤੇਜ਼ ਕੀਤਾ। ਉਨ੍ਹਾਂ ਨੇ ਪਾਏਦਾਰ ਵਿਕਾਸ ਟੀਚਿਆਂ ਮੁਤਾਬਿਕ ਵਿਅਕਤੀਗਤ ਅਤੇ ਨਤੀਜਾ-ਅਧਾਰਤ ਸਿੱਖਿਆ ਪ੍ਰਾਪਤ ਕਰਨ ਲਈ ਸਿਖਲਾਈ, ਅਤੇ ਮੁਲਾਂਕਣ ਅਭਿਆਸਾਂ 'ਤੇ ਚਰਚਾ ਕੀਤੀ।

---------------------------------------------------

ICC Twenty-twenty ਵਿਸ਼ਵ ਕੱਪ ਟੂਰਨਾਮੈਂਟ ਅੱਜ ਤੋਂ ਸ਼ੁਰੂ ਹੋ ਰਿਹਾ ਏ । ਭਾਰਤ ਅਤੇ ਸ਼੍ਰੀਲੰਕਾ ਦੀ ਸਾਂਝੀ ਮੇਜ਼ਬਾਨੀ ਹੇਠ, ਇਹ ਟੂਰਨਾਮੈਂਟ 8 ਮਾਰਚ ਤੱਕ ਚੱਲੇਗਾ । ਇਸ ਮੁਕਾਬਲੇ ਵਿੱਚ ਵੀਹ ਟੀਮਾਂ 55 ਮੈਚ

ਖੇਡਣਗੀਆਂ। ਅੱਜ ਪਹਿਲੇ ਦਿਨ ਮੌਜੂਦਾ ਚੈਂਪੀਅਨ ਭਾਰਤ ਆਪਣੀ ਮੁਹਿੰਮ ਦੀ ਸ਼ੁਰੂਆਤ ਅਮਰੀਕਾ ਖਿਲਾਫ ਕਰੇਗਾ। ਇਹ ਮੈਚ ਭਾਰਤੀ ਸਮੇਂ ਅਨੁਸਾਰ ਸ਼ਾਮ 7 ਵਜੇ ਮੁੰਬਈ ਦੇ ਵਾਨਖੇੜੇ ਸਟੇਡੀਅਮ ਵਿੱਚ ਸ਼ੁਰੂ ਹੋਵੇਗਾ। ਟੂਰਨਾਮੈਂਟ ਵਿੱਚ ਗਰੁੱਪ ਗੇੜ ਤੋਂ ਬਾਅਦ, ਸੁਪਰ 8 ਅਤੇ ਨਾਕਆਊਟ ਰਾਉਂਡ ਰੱਖੇ ਗਏ ਨੇ।

---------------------------------------------------------------

ਭਾਰਤੀ ਕ੍ਰਿਕਟ ਕੰਟਰੋਲ ਬੋਰਡ- BCCI ਨੇ ਅੰਡਰ-19 ਪੁਰਸ਼ ਕ੍ਰਿਕਟ ਵਿਸ਼ਵ ਕੱਪ ਦੀ ਜੇਤੂ ਟੀਮ, ਤਕਨੀਕੀ ਸਟਾਫ਼ ਅਤੇ ਚੋਣ ਕਮੇਟੀ ਲਈ ਸਾਢੇ 7 ਕਰੋੜ ਰੁਪਏ ਦੀ ਇਨਾਮੀ ਰਾਸ਼ੀ ਦਾ ਐਲਾਨ ਕੀਤਾ ਏ। ਭਾਰਤ ਨੇ ਕੱਲ੍ਹ ਜ਼ਿੰਬਾਬਵੇ ਦੇ ਹਰਾਰੇ ਵਿੱਚ ਫਾਈਨਲ ਵਿੱਚ ਇੰਗਲੈਂਡ ਨੂੰ 100 ਦੌੜਾਂ ਨਾਲ ਹਰਾ ਕੇ ਰਿਕਾਰਡ 6ਵੀਂ ਵਾਰ ਵਿਸ਼ਵ ਕੱਪ ਜਿੱਤਿਆ।

------------------------------------------------------------------

- ਭਾਰਤ ਅਤੇ ਅਮਰੀਕਾ ਵਲੋਂ ਇੱਕ ਅੰਤਰਿਮ ਵਪਾਰ ਸਮਝੌਤੇ ਦੇ ਢਾਂਚੇ ਨੂੰ ਮੁਕੰਮਲ ਕਰਨ ਦਾ ਐਲਾਨ -ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ -ਇਹ ਸਮਝੌਤਾ ਦੋਵਾਂ ਦੇਸ਼ਾਂ ਵਿਚਕਾਰ ਵਧ ਰਹੀ ਭਾਈਵਾਲੀ, ਭਰੋਸੇ ਅਤੇ ਗਤੀਸ਼ੀਲਤਾ ਨੂੰ ਦਰਸਾਉਂਦਾ ਏ।

- ਕੇਂਦਰੀ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਅੰਮ੍ਰਿਤਸਰ 'ਚ BJP ਵਰਕਰਾਂ ਅਤੇ ਅਹੁਦੇਦਾਰਾਂ ਨਾਲ ਮੀਟਿੰਗ ਕੀਤੀ-ਉਨ੍ਹਾਂ ਕੇਂਦਰੀ ਬਜਟ ਨੂੰ "ਵਿਕਸਿਤ ਭਾਰਤ" ਵੱਲ ਮਜ਼ਬੂਤ ਕਦਮ ਕਰਾਰ ਦਿੱਤਾ।

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਸੂਬੇ ਵਿੱਚ ਨਸ਼ਿਆਂ ਦੇ ਖਾਤਮੇ ਲਈ ਸ਼ੁਰੂ ਕੀਤੀ ਮੁਹਿੰਮ ਨੂੰ ਜਨ ਅੰਦੋਲਨ ਬਣਾਉਣ ਦਾ ਸੱਦਾ ਦਿੱਤਾ।

- ਮਾਨਸਾ ਜ਼ਿਲ੍ਹੇ ਦੇ ਪਿੰਡ ਸਰਦੂਲੇਵਾਲਾ ਨੇੜੇ ਵਾਪਰੇ ਸੜਕ ਹਾਦਸੇ 'ਚ, ਇੱਕੋ ਪਰਿਵਾਰ ਦੇ ਚਾਰ ਮੈਂਬਰਾਂ ਦੀ ਮੌਤ -ਕਾਰ ਚਾਲਕ ਗੰਭੀਰ ਜ਼ਖਮੀ ।

- ICC Twenty-twenty ਵਿਸ਼ਵ ਕੱਪ ਟੂਰਨਾਮੈਂਟ ਵਿਚ ਭਾਰਤ ਦਾ ਮੁਕਾਬਲਾ ਅਮਰੀਕਾ ਨਾਲ- ਮੈਚ ਸ਼ਾਮ 7 ਵਜੇ ਮੁੰਬਈ ਦੇ ਵਾਨਖੇੜੇ ਸਟੇਡੀਅਮ ਵਿੱਚ ਸ਼ੁਰੂ ਹੋਵੇਗਾ।

---------------------------------------------------------------------

ਇਸਦੇ ਨਾਲ  ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ  ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30  ਮਿੰਟ  'ਤੇ

ਨਮਸਕਾਰ  !